ਮਾਝ ਮਹਲਾ ੫ ॥ ਸਗਲ ਸੰਤਨ ਪਹਿ ਵਸਤੁ ਇਕ ਮਾਂਗਉ ॥ ਕਰਉ ਬਿਨੰਤੀ ਮਾਨੁ ਤਿਆਗਉ ॥ ਵਾਰਿ ਵਾਰਿ ਜਾਈ ਲਖ ਵਰੀਆ ਦੇਹੁ ਸੰਤਨ ਕੀ ਧੂਰਾ ਜੀਉ ॥੧॥ ਤੁਮ ਦਾਤੇ ਤੁਮ ਪੁਰਖ ਬਿਧਾਤੇ ॥ ਤੁਮ ਸਮਰਥ ਸਦਾ ਸੁਖਦਾਤੇ ॥ ਸਭ ਕੋ ਤੁਮ ਹੀ ਤੇ ਵਰਸਾਵੈ ਅਉਸਰੁ ਕਰਹੁ ਹਮਾਰਾ ਪੂਰਾ ਜੀਉ ॥੨॥ ਦਰਸਨਿ ਤੇਰੈ ਭਵਨ ਪੁਨੀਤਾ ॥ ਆਤਮ ਗੜੁ ਬਿਖਮੁ ਤਿਨਾ ਹੀ ਜੀਤਾ ॥ ਤੁਮ ਦਾਤੇ ਤੁਮ ਪੁਰਖ ਬਿਧਾਤੇ ਤੁਧੁ ਜੇਵਡੁ ਅਵਰੁ ਨ ਸੂਰਾ ਜੀਉ ॥੩॥ ਰੇਨੁ ਸੰਤਨ ਕੀ ਮੇਰੈ ਮੁਖਿ ਲਾਗੀ ॥ ਦੁਰਮਤਿ ਬਿਨਸੀ ਕੁਬੁਧਿ ਅਭਾਗੀ ॥ ਸਚ ਘਰਿ ਬੈਸਿ ਰਹੇ ਗੁਣ ਗਾਏ ਨਾਨਕ ਬਿਨਸੇ ਕੂਰਾ ਜੀਉ ॥੪॥੧੧॥੧੮॥ {ਪੰਨਾ 99}

ਪਦਅਰਥ:- ਸਗਲ—ਸਾਰੇ। ਪਹਿ—ਪਾਸੋਂ। ਮਾਂਗਉ—ਮੈਂ ਮੰਗਦਾ ਹਾਂ। ਵਸਤੁ—ਚੰਗੀ ਸ਼ੈ। ਕਰਉ—ਕਰਉਂ, ਮੈਂ ਕਰਦਾ ਹਾਂ। ਮਾਨੁ—ਅਹੰਕਾਰ। ਤਿਆਗਉ—ਤਿਆਗਉਂ, ਮੈਂ ਤਿਆਗ ਦਿਆਂ। ਵਾਰਿ ਵਾਰਿ—ਸਦਕੇ ਕੁਰਬਾਨ। ਜਾਈ—ਜਾਈਂ, ਮੈਂ ਜਾਵਾਂ। ਵਰੀਆ—ਵਾਰੀ। ਧੂਰਾ—ਚਰਨ-ਧੂੜ।1।

ਪੁਰਖ—ਸਰਬ-ਵਿਆਪਕ। ਬਿਧਾਤਾ—ਪੈਦਾ ਕਰਨ ਵਾਲਾ, ਸਿਰਜਣਹਾਰ {ivDwqã}। ਤੇ—ਤੋਂ। ਵਰਸਾਵੈ—ਫਲ ਪਾਂਦਾ ਹੈ। ਅਉਸਰੁ—ਸਮਾ, ਮਨੁੱਖਾ ਜਨਮ-ਰੂਪ ਸਮਾ। ਪੂਰਾ-ਸਫਲ, ਕਾਮਯਾਬ।2।

ਦਰਸਨਿ—ਦਰਸਨ ਨਾਲ। ਭਵਨ—{ਬਹੁ-ਵਚਨ} ਸ਼ਹਰ, ਸਰੀਰ-ਸ਼ਹਰ। ਪੁਨੀਤਾ—ਪਵਿਤ੍ਰ। ਗੜੁ—ਗੜ੍ਹ, ਕਿਲ੍ਹਾ। ਬਿਖਮੁ—ਔਖਾ, ਜਿਸ ਨੂੰ ਜਿੱਤਣਾ ਔਖਾ ਹੈ। ਸੂਰਾ—ਸੂਰਮਾ।3।

ਰਨੁ—ਚਰਨ-ਧੂੜ। ਮੁਖਿ—ਮੂੰਹ ਉੱਤੇ, ਮੱਥੇ ਉੱਤੇ। ਦੁਰਮਤਿ—ਭੈੜੀ ਮਤਿ। ਕੁਬੁਧਿ—ਕੋਝੀ ਅਕਲ। ਅਭਾਗੀ—ਭੱਜ ਗਈ। ਸਚ ਘਰਿ—ਸਦਾ-ਥਿਰ ਪ੍ਰਭੂ ਦੇ ਘਰ ਵਿਚ। ਕੂਰਾ—ਕੂੜ, ਮਾਇਆ ਦੇ ਮੋਹ ਦੇ ਝੂਠੇ ਸੰਸਕਾਰ।4।

ਅਰਥ:- (ਹੇ ਪ੍ਰਭੂ!) ਤੇਰਾ ਭਜਨ ਕਰਨ ਵਾਲੇ ਸਾਰੇ ਬੰਦਿਆਂ ਤੋਂ ਮੈਂ ਤੇਰਾ ਨਾਮ-ਪਦਾਰਥ ਹੀ ਮੰਗਦਾ ਹਾਂ, ਤੇ (ਉਹਨਾਂ ਅੱਗੇ) ਬੇਨਤੀ ਕਰਦਾ ਹਾਂ (ਕਿ ਕਿਸੇ ਤਰ੍ਹਾਂ) ਮੈਂ (ਆਪਣੇ ਅੰਦਰੋਂ) ਅਹੰਕਾਰ ਦੂਰ ਕਰ ਸਕਾਂ। ਹੇ ਪ੍ਰਭੂ! ਮੈਂ ਲੱਖਾਂ ਵਾਰ (ਤੇਰੇ ਸੰਤਾਂ ਤੋਂ) ਸਦਕੇ ਕੁਰਬਾਨ ਜਾਂਦਾ ਹਾਂ, ਮੈਨੂੰ ਆਪਣੇ ਸੰਤਾਂ ਦੇ ਚਰਨਾਂ ਦੀ ਧੂੜ ਬਖ਼ਸ਼।1।

ਹੇ ਪ੍ਰਭੂ! ਤੂੰ ਸਭ ਜੀਵਾਂ ਨੂੰ ਪੈਦਾ ਕਰਨ ਵਾਲਾ ਹੈਂ, ਤੂੰ ਹੀ ਸਭ ਵਿਚ ਵਿਆਪਕ ਹੈਂ, ਤੇ ਤੂੰ ਹੀ ਸਭ ਜੀਵਾਂ ਨੂੰ ਦਾਤਾਂ ਦੇਣ ਵਾਲਾ ਹੈਂ। ਹੇ ਪ੍ਰਭੂ! ਤੂੰ ਸਾਰੀਆਂ ਤਾਕਤਾਂ ਦਾ ਮਾਲਕ ਹੈਂ, ਤੂੰ ਹੀ ਸਾਰੇ ਸੁਖ ਦੇਣ

ਵਾਲਾ ਹੈਂ। ਹਰੇਕ ਜੀਵ ਤੇਰੇ ਪਾਸੋਂ ਹੀ ਮੁਰਾਦਾਂ ਪਾਂਦਾ ਹੈ (ਮੈਂ ਭੀ ਤੇਰੇ ਪਾਸੋਂ ਇਹ ਮੰਗ ਮੰਗਦਾ ਹਾਂ ਕਿ ਆਪਣੇ ਨਾਮ ਦੀ ਦਾਤਿ ਦੇ ਕੇ) ਮੇਰਾ ਮਨੁੱਖਾ ਜਨਮ ਦਾ ਸਮਾ ਕਾਮਯਾਬ ਕਰ।2।

ਹੇ ਪ੍ਰਭੂ! (ਜਿਨ੍ਹਾਂ ਬੰਦਿਆਂ ਨੇ) ਤੇਰੇ ਦਰਸਨ (ਦੀ ਬਰਕਤਿ) ਨਾਲ ਆਪਣੇ ਸਰੀਰ-ਨਗਰ ਪਵਿਤ੍ਰ ਕਰ ਲਏ ਹਨ, ਉਹਨਾਂ ਨੇ ਹੀ ਇਸ ਔਖੇ ਮਨ-ਕਿਲ੍ਹੇ ਨੂੰ ਵੱਸ ਵਿਚ ਕੀਤਾ ਹੈ। ਹੇ ਪ੍ਰਭੂ! ਤੂੰ ਹੀ ਸਭ ਨੂੰ ਦਾਤਾਂ ਦੇਣ ਵਾਲਾ ਹੈਂ, ਤੂੰ ਹੀ ਸਭ ਵਿਚ ਵਿਆਪਕ ਹੈਂ, ਤੂੰ ਹੀ ਸਭ ਦਾ ਪੈਦਾ ਕਰਨ ਵਾਲਾ ਹੈਂ, ਤੇਰੇ ਬਰਾਬਰ ਦਾ ਹੋਰ ਕੋਈ ਸੂਰਮਾ ਨਹੀਂ ਹੈ।3।

(ਜਦੋਂ ਦੀ) ਤੇਰੇ ਸੰਤ ਜਨਾਂ ਦੇ ਚਰਨਾਂ ਦੀ ਧੂੜ ਮੇਰੇ ਮੱਥੇ ਤੇ ਲੱਗੀ ਹੈ, ਮੇਰੀ ਭੈੜੀ ਮਤਿ ਨਾਸ ਹੋ ਗਈ ਹੈ, ਮੇਰੀ ਕੋਝੀ ਅਕਲ ਦੂਰ ਹੋ ਚੁਕੀ ਹੈ। ਹੇ ਨਾਨਕ! (ਆਖ—) ਜੇਹੜੇ ਬੰਦੇ ਸਦਾ-ਥਿਰ ਪ੍ਰਭੂ ਦੇ ਚਰਨਾਂ ਵਿਚ ਟਿਕੇ ਰਹਿੰਦੇ ਹਨ ਤੇ ਪ੍ਰਭੂ ਦੇ ਗੁਣ ਗਾਂਦੇ ਹਨ, ਉਹਨਾਂ ਦੇ (ਅੰਦਰੋਂ ਮਾਇਆ ਦੇ ਮੋਹ ਵਾਲੇ) ਛੂਠੇ ਸੰਸਕਾਰ ਨਾਸ ਹੋ ਜਾਂਦੇ ਹਨ।4।11।18।